# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 25-08-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ 'ਚ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ- ਕਿਹਾ ਕਿ ਪੁਲਾੜ ਖੇਤਰ ਵਿੱਚ ਸੁਧਾਰਾਂ ਨਾਲ, ਦੇਸ਼ ਦੇ ਨੌਜਵਾਨਾਂ ਨੂੰ ਕਾਫੀ ਫਾਇਦਾ ਹੋਇਆ ਏ ।
- ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਹਰ ਘਰ ਤਿਰੰਗਾ ਮੁਹਿੰਮ ਨੇ, ਸਮੁੱਚੇ ਦੇਸ਼ ਨੂੰ ਏਕਤਾ ਦੇ ਸੂਤਰ ਵਿਚ ਪਿਰੋਇਆ ਏ ।
- ਖੇਡਾਂ ਵਤਨ ਪੰਜਾਬ ਦੀਆਂ-2024 ਪ੍ਰਤੀ ਜਾਗਰੂਕ ਕਰਨ ਲਈ ਸ਼ੁਰੂ ਕੀਤੀ, ਮਸ਼ਾਲ ਰਿਲੇਅ ਦਾ ਮੋਹਾਲੀ ਪਹੁੰਚਣ 'ਤੇ ਸ਼ਾਨਦਾਰ ਸਵਾਗਤ।

- ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪੰਜਾਬ ਦੇ ਰਾਜਪਾਲ ਨੇ ਜਨਮ ਅਸ਼ਟਮੀ ਤੋਂ ਇਕ ਸ਼ਾਮ ਪਹਿਲਾਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿਤੀਆਂ।

------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪੁਲਾੜ ਖੇਤਰ ਵਿੱਚ ਸੁਧਾਰਾਂ ਨਾਲ, ਦੇਸ਼ ਦੇ ਨੌਜਵਾਨਾਂ ਨੂੰ ਕਾਫੀ ਫਾਇਦਾ ਹੋਇਆ ਏ। ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ 'ਚ, ਦੇਸ਼ ਵਿਦੇਸ਼ ਚ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ 'ਚ ਬਹੁਤ ਕੁਝ ਅਜਿਹਾ ਹੋ ਰਿਹਾ ਏ, ਜੋ ਵਿਕਸਿਤ ਭਾਰਤ ਦੀ ਬੁਨਿਆਦ ਮਜ਼ਬੂਤ ਹੋ ਰਹੀ ਏ। ਉਨ੍ਹਾਂ ਕਿਹਾ ਕਿ ਇਸ ਮਹੀਨੇ ਦੀ 23 ਤਰੀਕ ਨੂੰ, ਦੇਸ਼ ਵਾਸੀਆਂ ਨੇ ਪਹਿਲਾ ਰਾਸ਼ਟਰੀ ਪੁਲਾੜ ਦਿਵਸ ਅਤੇ ਚੰਦਰਯਾਨ-3 ਦੀ ਸਫਲਤਾ ਦਾ ਜਸ਼ਨ ਮਨਾਇਆ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ, ਇਹ ਉਪਲਬਧੀ ਹਾਸਲ ਕਰਨ ਵਾਲਾ, ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਏ। ਹਰ ਘਰ ਤਿਰੰਗਾ ਮੁਹਿੰਮ ਬਾਰੇ ਪ੍ਰਧਾਨ ਮੰਤਰੀ ਨੇ ਕਿਹਾ ਕਿ ਜੰਮੂ-ਕਸ਼ਮੀਰ ਦੇ ਰਿਆਸੀ ਸਥਿਤ ਚਨਾਬ ਰੇਲਵੇ ਪੁਲ ਤੋਂ, 750 ਮੀਟਰ ਲੰਬੇ ਝੰਡੇ ਨਾਲ ਤਿਰੰਗਾ ਰੈਲੀ ਕੱਢੀ ਗਈ। ਸ਼੍ਰੀ ਮੋਦੀ ਨੇ ਕਿਹਾ ਕਿ ਸਾਰਿਆਂ ਨੇ ਸ਼੍ਰੀਨਗਰ ਦੀ

ਡਲ ਝੀਲ 'ਚ ਤਿਰੰਗਾ ਯਾਤਰਾ ਦੀਆਂ ਖ਼ੂਬਸੂਰਤ ਤਸਵੀਰਾਂ ਦੇਖੀਆਂ ਨੇ। ਪ੍ਰਧਾਨ ਮੰਤਰੀ ਮੋਦੀ ਨੇ ਮਨੁੱਖਾਂ ਅਤੇ ਜਾਨਵਰਾਂ ਵਿਚਕਾਰ ਪਿਆਰ ਦੇ ਰਿਸ਼ਤੇ 'ਤੇ ਵੀ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰਧਾਨ ਮੰਤਰੀ ਮੋਦੀ ਨੇ ਲੋਕਾਂ ਨੂੰ 'ਕੈਚ ਦ ਰੇਨ' ਅੰਦੋਲਨ ਅਤੇ 'ਏਕ ਪੇੜ ਮਾਂ ਕੇ ਨਾਮ' ਮੁਹਿੰਮ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਦੇਸ਼ ਵਾਸੀਆਂ ਨੂੰ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਵੀ ਕੀਤੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਡੇ ਪਰਿਵਾਰ, ਸਮਾਜ ਅਤੇ ਦੇਸ਼ ਦਾ ਭਵਿੱਖ, ਸਾਡੇ ਬੱਚਿਆਂ ਦੀ ਸਿਹਤ 'ਤੇ ਨਿਰਭਰ ਕਰਦਾ ਏ ਅਤੇ ਬੱਚਿਆਂ ਦੀ ਚੰਗੀ ਸਿਹਤ ਲਈ ਇਹ ਜ਼ਰੂਰੀ ਏ ਕਿ ਉਨ੍ਹਾਂ ਨੂੰ ਸਹੀ ਪੋਸ਼ਣ ਮਿਲਦਾ ਰਹੇ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਅਗਲੇ ਕੁਝ ਦਿਨਾਂ 'ਚ ਪੈਰਿਸ ਵਿਖੇ ਪੈਰਾਲੰਪਿਕ ਸ਼ੁਰੂ ਹੋ ਰਹੇ ਨੇ। ਉਨ੍ਹਾਂ ਨੇ ਲੋਕਾਂ ਨੂੰ 'ਚੀਅਰ ਫਾਰ ਇੰਡੀਆ ਹੈਸ਼ਟੈਗ' ਨਾਲ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕਿਹਾ। ਪ੍ਰਧਾਨ ਮੰਤਰੀ ਨੇ ਆਉਣ ਵਾਲੇ ਤਿਉਹਾਰਾਂ - ਜਨਮ ਅਸ਼ਟਮੀ, ਗਣੇਸ਼ ਚਤੁਰਥੀ, ਓਨਮ, ਮਿਲਾਦ-ਉਲ -ਨਬੀ ਅਤੇ ਤੇਲਗੂ ਭਾਸ਼ਾ ਦਿਵਸ ਲਈ ਲੋਕਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਮਹਾਰਾਸ਼ਟਰ ਦੇ ਜਲਗਾਓਂ

ਵਿੱਚ ਇੱਕ ਸਮਾਗਮ ਦੌਰਾਨ 11 ਲੱਖ ਨਵੀਆਂ ਲਖਪਤੀ ਦੀਦੀਆਂ ਨੂੰ ਸਰਟੀਫਿਕੇਟ ਵੰਡੇ। ਪ੍ਰਧਾਨ ਮੰਤਰੀ ਨੇ ਲਖਪਤੀ ਦੀਦੀ ਦਾ ਸਨਮਾਨ ਵੀ ਕੀਤਾ ਅਤੇ ਉਨ੍ਹਾਂ ਦੇ ਕੰਮ ਬਾਰੇ ਗੱਲ ਕੀਤੀ। ਇਹ ਲੱਖਪਤੀ ਦੀਦੀ ਉਹ ਔਰਤਾਂ ਨੇ ਜੋ ਹਰ ਸਾਲ ਇੱਕ ਲੱਖ ਰੁਪਏ ਤੋਂ ਵੱਧ ਕਮਾ ਰਹੀਆਂ ਨੇ ਅਤੇ ਦੇਸ਼ ਵਿੱਚ ਇਨ੍ਹਾਂ ਦੀ ਗਿਣਤੀ ਇੱਕ ਕਰੋੜ ਤੋਂ ਵੱਧ ਏ। ਇਸ ਮੌਕੇ ਪ੍ਰਧਾਨ ਮੰਤਰੀ ਨੇ ਕਿਹਾ। ਪ੍ਰੋਗਰਾਮ ਦੌਰਾਨ ਪ੍ਰਧਾਨ ਮੰਤਰੀ ਨੇ ਭਾਈਚਾਰਕ ਨਿਵੇਸ਼ ਲਈ 2500 ਕਰੋੜ ਰੁਪਏ ਵੀ ਜਾਰੀ ਕੀਤੇ। ਇਸ ਨਾਲ ਚਾਰ ਲੱਖ ਤੀਹ ਹਜ਼ਾਰ ਸਵੈ-ਸਹਾਇਤਾ ਸਮੂਹਾਂ ਦੇ ਲਗਭਗ 48 ਲੱਖ ਮੈਂਬਰਾਂ ਨੂੰ ਲਾਭ ਹੋਣ ਦੀ ਉਮੀਦ ਏ। ਮਹਾਰਾਸ਼ਟਰ ਦੇ ਰਾਜਪਾਲ ਸੀ.ਪੀ. ਰਾਧਾ-ਕ੍ਰਿਸ਼ਨਨ, ਮੁੱਖ ਮੰਤਰੀ ਏਕਨਾਥ ਸ਼ਿੰਦੇ, ਕੇਂਦਰੀ ਪੇਂਡੂ ਵਿਕਾਸ ਅਤੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਸਮੇਤ ਹੋਰ ਪਤਵੰਤੇ ਵੀ ਮੌਜੂਦ ਰਹੇ। 34 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੀਆਂ ਕਰੀਬ 30 ਹਜ਼ਾਰ ਸਥਾਨਾਂ ਤੋਂ ਲੋਕਾਂ ਨੇ ਵਰਚੁਅਲ ਮਾਧਿਅਮ ਰਾਹੀਂ ਇਸ ਪ੍ਰੋਗਰਾਮ ਵਿੱਚ ਹਿੱਸਾ ਲਿਆ।

---------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ 'ਤੁਹਾਡਾ ਐਮ.ਐਲ.ਏ. ਤੁਹਾਡੇ ਵਿੱਚਕਾਰ' ਪ੍ਰੋਗਰਾਮ ਤਹਿਤ ਪਟਿਆਲਾ ਦਿਹਾਤੀ ਹਲਕੇ ਦੇ ਪਿੰਡਾਂ 'ਚ ਲੋਕਾਂ ਨਾਲ ਕੀਤੀਆਂ ਜਾ ਰਹੀਆਂ ਮੁਲਾਕਾਤਾਂ ਵਿੱਚ ਵੱਡੀ ਗਿਣਤੀ ਪਿੰਡ ਵਾਸੀਆਂ ਵੱਲੋਂ ਸ਼ਮੂਲੀਅਤ ਕਰਕੇ ਪਿੰਡਾਂ ਦੇ ਸਾਂਝੇ ਮਸਲੇ ਆਪਣੇ ਵਿਧਾਇਕ ਸਾਹਮਣੇ ਰੱਖੇ ਜਾ ਰਹੇ ਨੇ । ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਨ ਲਈ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਨਾਲ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਰਹੇ। ਡਾ. ਬਲਬੀਰ ਸਿੰਘ ਨੇ ਕਿਹਾ ਸੂਬਾ ਸਰਕਾਰ ਪੰਜਾਬ ਦੀਆਂ ਆਉਣ ਵਾਲੀਆਂ ਪੀੜ੍ਹੀਆਂ ਦੇ ਚੰਗੇ ਭਵਿੱਖ ਲਈ ਕੰਮ ਕਰ ਰਹੀ ਏ ਇਸੇ ਲਈ ਸਰਕਾਰ ਬਣਨ ਦੇ ਪਹਿਲੇ ਦਿਨ ਤੋਂ ਹੀ ਵਿਕਾਸ ਕਾਰਜ ਅਰੰਭੇ ਗਏ ਹਨ ਜੋ ਲਗਾਤਾਰ ਜਾਰੀ ਨੇ। ਉਨ੍ਹਾਂ ਅੱਜ ਪਿੰਡ ਰੋਹਟਾ, ਰੋਹਟੀ ਮੋੜਾਂ, ਸਮੇਤ ਹੋਰਨਾਂ ਪਿੰਡਾਂ ਦਾ ਦੌਰਾ ਕੀਤਾ। ਲੋਕਾਂ ਨੂੰ ਸੰਬੋਧਨ ਕਰਦਿਆਂ ਸਿਹਤ ਮੰਤਰੀ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੇ ਘਰਾਂ ਨੇੜੇ ਜਾ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਦੇ ਨਾਲ-ਨਾਲ ਲੋਕਾਂ ਨੂੰ ਪ੍ਰਸ਼ਾਸਨਿਕ ਸੇਵਾਵਾਂ ਵੀ ਪ੍ਰਦਾਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਜਿਹੜੇ ਪਿੰਡਾਂ ਵਿੱਚ ਡਿਸਪੈਂਸਰੀਆਂ ਨਹੀਂ ਹਨ, ਉਥੇ

ਹਰੇਕ ਹਫ਼ਤੇ ਅਤਿਆਧੁਨਿਕ ਐਂਬੂਲੈਂਸ ਦੀ ਸਹੂਲਤ ਸ਼ੁਰੂ ਕੀਤੀ ਗਈ ਹੈ ਜਿਥੇ ਪਿੰਡ ਵਾਸੀ ਆਪਣੇ ਟੈਸਟ ਅਤੇ ਦਵਾਈ ਵੀ ਲੈ ਸਕਦੇ ਹਨ। ਡਾ. ਬਲਬੀਰ ਸਿੰਘ ਨੇ ਦੱਸਿਆ ਪਿੰਡਾਂ ਦੇ ਲੋਕਾਂ ਵੱਲੋਂ ਕੀਤੀ ਗਈ ਮੰਗ ਦੇ ਮੁਤਾਬਕ ਉਹ ਆਪਣੇ ਹਲਕੇ ਦੇ ਇਨ੍ਹਾਂ ਪਿੰਡਾਂ ਵਿੱਚ ਹਰੇਕ ਵਿਕਾਸ ਕੰਮ ਕਰਵਾਉਣ ਲਈ ਵਚਨਬੱਧ ਹਨ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਆਦੇਸ਼ਾਂ ਮੁਤਾਬਕ ਫੰਡਾਂ ਦੀ ਕੋਈ ਕਮੀ ਨਹੀਂ ਏ । ਉਨ੍ਹਾਂ ਲੋਕਾਂ ਨੂੰ ਆਪਣੇ ਪਿੰਡਾਂ ਵਿੱਚ ਵੱਧ ਤੋਂ ਵੱਧ ਬੂਟੇ ਲਾਉਣ ਦਾ ਸੱਦਾ ਦਿੱਤਾ ।

---------------------------------------------------------

ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਅੱਜ ਲੁਧਿਆਣਾ ਸਥਿਤ ਭਗਤੀ ਦੇ ਪੁੰਜ ਅਤੇ ਵਿਸ਼ਵ ਪ੍ਰਸਿੱਧ ਗੁਰਦੁਆਰਾ ਕਰਮਸਰ ਰਾੜਾ ਸਾਹਿਬ ਦੇ ਬਾਨੀ ਬਾਬਾ ਈਸ਼ਰ ਸਿੰਘ ਜੀ ਦੇ 49ਵੇਂ ਬਰਸੀ ਸਮਾਗਮ ਮੌਕੇ ਨਤਮਸਤਕ ਹੋਏ । ਚੇਤਨ ਸਿੰਘ ਜੌੜਾਮਾਜਰਾ ਨੇ ਕਿਹਾ ਕਿ ਉਨ੍ਹਾਂ ਨੂੰ ਬਾਬਾ ਈਸ਼ਰ ਸਿੰਘ ਜੀ ਦੀ ਵਰੋਸਾਈ ਧਰਤੀ ਵਿਖੇ ਨਤਮਸਤਕ ਹੋਕੇ ਬਹੁਤ ਚੰਗਾ ਲੱਗਿਆ ਉਨ੍ਹਾਂ ਕਿਹਾ ਕਈ ਸੰਤ ਬਾਬਾ ਈਸ਼ਰ ਸਿੰਘ ਜੀ ਨੇ ਲੰਮਾ ਸਮਾਂ ਭਗਤੀ ਕਰਕੇ

ਗਿਆਨ ਪ੍ਰਾਪਤ ਕੀਤਾ ਅਤੇ ਲੱਖਾਂ-ਕਰੋੜਾਂ ਸੰਗਤਾਂ ਨੂੰ ਮਾਰਗ ਦਰਸ਼ਨ ਕਰਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ ਏ।

-----------------------------------------------------

ਜਲੰਧਰ ਕਮਿਸ਼ਨਰੇਟ ਪੁਲਿਸ ਨੇ 5 ਸੂਬਿਆਂ ਦੇ ਕਰੀਬ 5 ਲੋਕਾਂ ਨੂੰ ਗ੍ਰਿਫਤਾਰ ਕੀਤਾ ਏ ਜੋ ਲੋਕਾਂ ਨੂੰ ਫੋਨ ਕਰਕੇ ਸਾਈਬਰ ਅਪਰਾਧਾਂ ਵਿੱਚ ਫਸਾਉਂਦੇ ਸਨ। ਇਸ ਬਹੁ-ਰਾਜੀ ਗਿਰੋਹ ਨੇ 61 ਸਾਈਬਰ ਧੋਖਾਧੜੀਆਂ ਕੀਤੀਆਂ ਸਨ। ਮੁਲਜ਼ਮਾਂ ਦਾ ਇਹ ਨੈੱਟਵਰਕ 6 ਸੂਬਿਆਂ ਵਿੱਚ ਫੈਲਿਆ ਹੋਇਆ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕਿ ਪੁਲਿਸ ਨੇ ਮੁਲਜ਼ਮਾਂ ਕੋਲੋਂ ਦਰਜਨਾਂ ਏ.ਟੀ.ਐਮ ਕਾਰਡ ਤੇ ਹੋਰ ਸਾਮਾਨ ਬਰਾਮਦ ਕੀਤਾ ਏ। ਪ੍ਰਾਪਤ ਜਾਣਕਾਰੀ ਅਨੁਸਾਰ ਪੁਲੀਸ ਨੇ ਮੁਲਜ਼ਮਾਂ ਦੇ 19 ਬੈਂਕ ਖਾਤੇ ਵੀ ਜ਼ਬਤ ਕੀਤੇ ਨੇ ਜਿਨ੍ਹਾਂ ਦੀ ਜਾਂਚ ਕੀਤੀ ਜਾ ਰਹੀ ਏ ਕਿਉਂਕਿ ਧੋਖਾਧੜੀ ਤੋਂ ਬਾਅਦ ਮੁਲਜ਼ਮਾਂ ਵੱਲੋਂ ਇਹ ਪੈਸੇ ਇਨ੍ਹਾਂ ਬੈਂਕ ਖਾਤਿਆਂ ਵਿੱਚ ਜਮ੍ਹਾਂ ਕਰਵਾਏ ਜਾ ਰਹੇ ਸਨ। ਪੁਲਿਸ ਮੁਲਜ਼ਮਾਂ ਤੋਂ ਉਨ੍ਹਾਂ ਦੇ ਹੋਰ ਸਾਥੀਆਂ ਬਾਰੇ ਪੁੱਛਗਿੱਛ ਕਰ ਰਹੀ ਏ।

-----------------------------------------------------

ਕੌਮੀ ਖੇਡ ਦਿਵਸ ਮਨਾਉਣ ਲਈ, ਖੇਡਾਂ ਵਤਨ ਪੰਜਾਬ ਦੀਆਂ-2024 ਦਾ ਸੂਬਾ ਪੱਧਰੀ ਸਮਾਗਮ ਸੰਗਰੂਰ ਵਿਖੇ ਕਰਵਾਇਆ

ਜਾਵੇਗਾ । ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਸਮਾਗਮ ਵਿਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ । ਵਿਦਿਆਰਥੀਆਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਕਰਨ ਲਈ, ਪਿਛਲੇ ਦਿਨੀਂ ਸ਼ੁਰੂ ਕੀਤੀ ਗਈ ਮਸ਼ਾਲ ਰਿਲੇਅ ਅੱਜ ਰੋਪੜ ਤੋਂ ਮੋਹਾਲੀ ਪਹੁੰਚੀ, ਜਿਸ ਦਾ ਮੋਹਾਲੀ ਦੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਸਪੋਰਟਸ ਕੰਪਲੈਕਸ ਸੈਕਟਰ 78 ਵਿਖੇ ਸਵਾਗਤ ਕੀਤਾ। ਉਨ੍ਹਾਂ ਸਾਰਿਆਂ ਨੂੰ ਓਲੰਪਿਕ, ਵਿਸ਼ਵ ਖੇਡਾਂ, ਏਸ਼ੀਅਨ ਖੇਡਾਂ ਦੇ ਮਹਾਨ ਖਿਡਾਰੀਆਂ ਦੇ ਨਕਸ਼ੇ ਕਦਮਾਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ, ਜਿਨ੍ਹਾਂ ਨੇ ਭਾਰਤ ਲਈ ਤਗਮੇ ਜਿੱਤ ਕੇ ਦੇਸ਼ ਦਾ ਨਾਮ ਰੌਸ਼ਨ ਕੀਤਾ ਏ। ਇਸ ਮੌਕੇ ਮੋਹਾਲੀ ਜ਼ਿਲੇ ਦੇ ਵਿਦਿਆਰਥੀਆਂ ਵੀ ਖੇਡਾਂ ਵਿਚ ਹਿੱਸਾ ਲੈਣ ਬਾਰੇ ਉਤਸ਼ਾਹਿਤ ਨਜ਼ਰ ਆਏ।

---------------------------------------------------------

ਰਾਸ਼ਟਰਪਤੀ ,ਉਪ ਰਾਸ਼ਟਰਪਤੀ ਅਤੇ ਪੰਜਾਬ ਦੇ ਰਾਜਪਾਲ ਨੇ ਜਨਮ ਅਸ਼ਟਮੀ ਤੋਂ ਇਕ ਸ਼ਾਮ ਪਹਿਲਾਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿਤੀਆਂ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਜਨਮ ਅਸ਼ਟਮੀ ਦੀ ਪੂਰਵ ਸ਼ਾਮ 'ਤੇ ਵਿਦੇਸ਼ਾਂ ਵਿੱਚ ਰਹਿੰਦੇ ਸਾਰੇ ਨਾਗਰਿਕਾਂ ਅਤੇ ਭਾਰਤੀਆਂ ਨੂੰ ਵਧਾਈਆਂ ਦਿੱਤੀਆਂ ਨੇ । ਆਪਣੇ ਸੰਦੇਸ਼ ਵਿੱਚ ਰਾਸ਼ਟਰਪਤੀ ਨੇ ਕਿਹਾ ਕਿ ਖੁਸ਼ੀ ਦਾ ਇਹ ਤਿਉਹਾਰ ਸਾਨੂੰ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਬ੍ਰਹਮ

ਆਦਰਸ਼ਾਂ ਨੂੰ ਸਮਰਪਿਤ ਕਰਨ ਲਈ ਪ੍ਰੇਰਿਤ ਕਰਦਾ ਏ । ਸ਼੍ਰੀਮਤੀ ਮੁਰਮੂ ਨੇ ਉਜਾਗਰ ਕੀਤਾ ਕਿ ਸ਼੍ਰੀਮਦ ਭਗਵਦ ਗੀਤਾ, ਸ਼੍ਰੀ ਕ੍ਰਿਸ਼ਨ ਅਤੇ ਅਰਜੁਨ ਵਿਚਕਾਰ ਸੰਵਾਦ, ਸਾਰੀ ਮਨੁੱਖਤਾ ਲਈ ਪ੍ਰੇਰਨਾ ਅਤੇ ਗਿਆਨ ਦਾ ਸਦੀਵੀ ਸਰੋਤ ਏ । ਉਨ੍ਹਾਂ ਅੱਗੇ ਸਾਰਿਆਂ ਨੂੰ ਭਗਵਾਨ ਸ਼੍ਰੀ ਕ੍ਰਿਸ਼ਨ ਦੀਆਂ ਸਿੱਖਿਆਵਾਂ ਨੂੰ ਗ੍ਰਹਿਣ ਕਰਨ ਅਤੇ ਦੇਸ਼ ਦੀ ਤਰੱਕੀ ਤੇ ਖੁਸ਼ਹਾਲੀ ਲਈ ਕੰਮ ਕਰਨ ਦਾ ਸੰਕਲਪ ਕਰਨ ਦੀ ਅਪੀਲ ਕੀਤੀ। ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਇੱਕ ਵਧਾਈ ਸੰਦੇਸ਼ ਵਿੱਚ ਕਿਹਾ ਕਿ ਜਨਮ ਅਸ਼ਟਮੀ ਇੱਕ ਡੂੰਘੇ ਅਧਿਆਤਮਿਕ ਮਹੱਤਵ ਵਾਲਾ ਦਿਨ ਏ , ਜੋ ਭਗਵਾਨ ਕ੍ਰਿਸ਼ਨ ਦੇ ਜਨਮ ਨੂੰ ਦਰਸਾਉਂਦਾ ਏ , ਜੋ ਕਿ ਬ੍ਰਹਮ ਪਿਆਰ, ਬੁੱਧੀ ਅਤੇ ਧਾਰਮਿਕਤਾ ਨੂੰ ਦਰਸਾਉਂਦੇ ਨੇ । ਉਪ ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਧਰਮ ਦੀਆਂ ਸਦੀਵੀ ਕਦਰਾਂ-ਕੀਮਤਾਂ, ਬੁਰਾਈ 'ਤੇ ਚੰਗਿਆਈ ਦੀ ਜਿੱਤ , ਅਤੇ ਸੱਚਾਈ ਤੇ ਦਇਆ ਨਾਲ ਜੀਵਨ ਜਿਊਣ ਦੀ ਮਹੱਤਤਾ ਦੀ ਯਾਦ ਦਿਵਾਉਂਦਾ ਏ । ਸ੍ਰੀ ਧਨਖੜ ਨੇ ਨਾਗਰਿਕਾਂ ਨੂੰ ਧਾਰਮਿਕਤਾ ਦੇ ਮਾਰਗ 'ਤੇ ਚੱਲਣ ਅਤੇ ਸਰਬੱਤ ਦੇ ਭਲੇ ਲਈ ਕੰਮ ਕਰਨ ਦਾ ਵਚਨ ਲੈਣ ਦੀ ਵੀ ਅਪੀਲ ਕੀਤੀ ।

---------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਜਨਮ ਅਸ਼ਟਮੀ ਦੇ ਪਾਵਨ ਤਿਉਹਾਰ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ। ਆਪਣੇ ਸੰਦੇਸ਼ ਵਿੱਚ ਰਾਜਪਾਲ ਨੇ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਅਤੇ ਸਿੱਖਿਆਵਾਂ ਵਿੱਚ ਮਾਨਵਤਾ ਦੀ ਭਲਾਈ ਅਤੇ ਨੇਕੀ ਦਾ ਸੰਦੇਸ਼ ਸ਼ਾਮਲ ਏ। ਉਨ੍ਹਾਂ ਨੇ 'ਨਿਸ਼ਕਾਮ ਕਰਮ' ਦੇ ਸੰਕਲਪ ਦਾ ਪ੍ਰਚਾਰ ਕੀਤਾ ਅਤੇ ਲੋਕਾਂ ਨੂੰ 'ਧਰਮ' ਦੀ ਰਾਹ ਅਖ਼ਤਿਆਰ ਕਰ ਕੇ ਪਰਮ ਸੱਚ ਦੀ ਪ੍ਰਾਪਤੀ ਬਾਰੇ ਜਾਗਰੂਕ ਕੀਤਾ। ਉਨ੍ਹਾਂ ਕਾਮਨਾ ਕੀਤੀ ਕਿ ਜਨਮ ਅਸ਼ਟਮੀ ਦਾ ਇਹ ਤਿਉਹਾਰ ਸਾਰਿਆਂ ਨੂੰ ਨੇਕੀ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕਰੇ।

---------------------------------------------------------------

ਹੁਸ਼ਿਆਰਪੁਰ ਜ਼ਿਲੇ ਪਿੰਡ ਜੇਜੋਂ ਹੜ੍ਹ ਕਾਰਨ ਵਾਪਰੇ ਹਾਦਸੇ ਵਿਚ, ਜਾਨ ਗੁਆਉਣ ਵਾਲੇ 11 ਲੋਕਾਂ ਦੀ ਯਾਦ ਵਿਚ, ਅੱਜ ਬਾਬਾ ਬੰਦਾ ਸਿੰਘ ਬਹਾਦੁਰ ਗੁਰਦੁਆਰਾ ਸਾਹਿਬ ਜੇਜੋਂ ਦੁਆਬਾ ਵਿਖੇ ਸਮਾਗਮ ਆਯੋਜਿਤ ਕੀਤਾ ਗਿਆ। ਇਸ ਮੌਕੇ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਅਤੇ ਸੰਸਦ ਡਾ. ਰਾਜ ਕੁਮਾਰ ਚੱਬੇਵਾਲ ਨੇ ਹਾਦਸੇ ਵਿਚ ਮਾਰੇ ਗਏ ਲੋਕਾਂ ਦੇ ਪਰਿਵਾਰ ਨਾਲ ਹਮਦਰਦੀ ਪ੍ਰਗਟ ਕੀਤੀ। ਉਨ੍ਹਾਂ ਨੇ ਪੀੜ੍ਹਤ ਪਰਿਵਾਰਾਂ

ਨੂੰ 44 ਲੱਖ ਰੁਪਏ ਦੀ ਵਿਤੀ ਮਦਦ ਦੇ ਚੈਕ ਭੇਟ ਕੀਤੇ । ਇਹ ਰਾਸ਼ੀ ਸੂਬਾ ਆਫ਼ਤ ਰਾਹਤ ਫੰਡ ਤੋਂ ਮ੍ਰਿਤਕਾਂ ਦੇ ਪਰਿਵਾਰਾਂ ਨੂੰ ਦਿੱਤੀ ਗਈ । ਜ਼ਿਕਰਯੋਗ ਏ ਕਿ ਇਹ ਹਾਦਸਾ 11 ਅਗਸਤ ਨੂੰ ਵਾਪਰਿਆ ਸੀ ਜਦ ਜੇਜੋਂ ਚੋਅ ਵਿਚ ਪਾਣੀ ਦੇ ਤੇਜ਼ ਵਹਾਅ ਦੇ ਚੱਲਦਿਆਂ ਇਕ ਕਾਰ ਦੇ ਪਾਣੀ ਵਿਚ ਰੁੜਨ ਕਾਰਨ 11 ਲੋਕਾਂ ਦੀ ਮੌਤ ਹੋ ਗਈ ਸੀ ।

------------------------------------------------------------

## ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ 'ਚ, ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ- ਕਿਹਾ ਕਿ ਪੁਲਾੜ ਖੇਤਰ ਵਿੱਚ ਸੁਧਾਰਾਂ ਨਾਲ, ਦੇਸ਼ ਦੇ ਨੌਜਵਾਨਾਂ ਨੂੰ ਕਾਫੀ ਫਾਇਦਾ ਹੋਇਆ ਏ ।
- ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਹਰ ਘਰ ਤਿਰੰਗਾ ਮੁਹਿੰਮ ਨੇ, ਸਮੁੱਚੇ ਦੇਸ਼ ਨੂੰ ਏਕਤਾ ਦੇ ਸੂਤਰ ਵਿਚ ਪਿਰੋਇਆ ਏ ।
- ਖੇਡਾਂ ਵਤਨ ਪੰਜਾਬ ਦੀਆਂ-2024 ਪ੍ਰਤੀ ਜਾਗਰੂਕ ਕਰਨ ਲਈ ਸ਼ੁਰੂ ਕੀਤੀ, ਮਸ਼ਾਲ ਰਿਲੇਅ ਦਾ ਮੋਹਾਲੀ ਪਹੁੰਚਣ 'ਤੇ ਸ਼ਾਨਦਾਰ ਸਵਾਗਤ।

- ਰਾਸ਼ਟਰਪਤੀ, ਉਪ ਰਾਸ਼ਟਰਪਤੀ ਅਤੇ ਪੰਜਾਬ ਦੇ ਰਾਜਪਾਲ ਨੇ ਜਨਮ ਅਸ਼ਟਮੀ ਤੋਂ ਇਕ ਸ਼ਾਮ ਪਹਿਲਾਂ ਸਾਰਿਆਂ ਨੂੰ ਸ਼ੁਭਕਾਮਨਾਵਾਂ ਦਿਤੀਆਂ।